ਦਫਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਾਜ਼ਿਲਕਾ

ਵਿਅਕਤੀਆਂ, ਪ੍ਰਾਈਵੇਟ ਏਜੰਸੀਆਂ ਵੱਲੋਂ ਵਾਕੀ ਟਾਕੀ ਸੈੱਟ ਵਰਤਣ 'ਤੇ ਪਾਬੰਦੀ

ਫਾਜ਼ਿਲਕਾ 24 ਅਗਸਤ

ਜ਼ਿਲ੍ਹਾ ਮੈਜਿਸਟਰੇਟ ਸ੍ਰੀਮਤੀ ਈਸ਼ਾ ਕਾਲੀਆ ਨੇ ਫੌਜ਼ਦਾਰੀ ਜਾਬਤਾ ਸੰਘਤਾ 1973 ਦੀ ਧਾਰਾ 144 ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਹੁਕਮ ਜਾਰੀ ਕੀਤਾ ਹੈ ਕਿ ਕਿਸੇ ਵੀ ਵਿਅਕਤੀ, ਪ੍ਰਾਈਵੇਟ ਏਜੰਸੀਆਂ ਵੱਲੋਂ ਵਾਕੀ ਟਾਕੀ ਤੇ ਵਾਇਰਲੈਸ ਸੈੱਟ ਦੀ ਵਰਤੋਂ ਕਰਨ 'ਤੇ ਪਾਬੰਦੀ ਲਗਾਈ ਹੈ। ਇਹ ਹੁਕਮ ਜ਼ਿਲ੍ਹੇ ਅੰਦਰ ਮਿਤੀ 31 ਅਗਸਤ 2017 ਤੱਕ ਲਾਗੂ ਰਹਿਣਗੇ।

ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜ਼ਿਲ੍ਹਾ ਫਾਜ਼ਿਲਕਾ ਵਿੱਚ ਮੌਜੂਦਾ ਹਾਲਾਤਾਂ ਦੇ ਮੱਦੇਨਜ਼ਰ ਅਮਨ ਤੇ ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣ ਲਈ ਕਿਸੇ ਵੀ ਵਿਅਕਤੀ ਵੱਲੋਂ ਵਾਕੀ ਟਾਕੀ ਤੇ ਵਾਇਰਲੈਸ ਸੈੱਟ ਨੂੰ ਲੈ ਕੇ ਚਲਾਉਣ ਤੇ ਵਰਤੋਂ ਨਾ ਕਰਨ ਦੇ ਹੁਕਮ ਜਾਰੀ ਕੀਤੇ ਹਨ। ਜੇਕਰ ਕਿਸੇ ਵੀ ਪ੍ਰਾਈਵੇਟ ਏਜੰਸੀ ਵੱਲੋਂ ਵਾਕੀ ਟਾਕੀ ਤੇ ਵਾਇਰਲੈਸ ਸੈੱਟ ਦੀ ਵਰਤੋਂ ਕੀਤੀ ਜਾ ਰਹੀ ਹੈ ਉਸਨੂੰ ਨੇੜੇ ਦੇ ਪੁਲਿਸ ਸਟੇਸ਼ਨ ਵਿੱਚ ਜਮ੍ਹਾਂ ਕਰਵਾਉਣ ਦੇ ਆਦੇਸ਼ ਦਿੱਤੇ ਹਨ।